ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਜ਼ਿਲ੍ਹਾ ਬਰਨਾਲਾ ਦੀ ਹਦੂਦ ਅੰਦਰ ਕਰਫ਼ਿਊ ’ਚ ਵਾਧੇ ਦੇ ਹੁਕਮ

ਬਰਨਾਲਾ, **4** ਮਈ
ਜ਼ਿਲ੍ਹਾ ਬਰਨਾਲਾ ਵਿੱਚ ਕੋਵਿਡ **19** ਦੇ ਪ੍ਰਭਾਵ ਨੂੰ ਰੋਕਣ ਲਈ ਜ਼ਿਲ੍ਹਾ ਮੈਜਿਸਟਰੇਟ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਫੌਜਦਾਰੀ ਜ਼ਾਬਤਾ ਸੰਘਤਾ **1973** ਦੀ ਧਾਰਾ **144** ਤਹਿਤ ਜ਼ਿਲ੍ਹੇ ਦੀ ਹਦੂਦ ਅੰਦਰ **17** ਮਈ **2020** ਤੱਕ ਕਰਫਿਊ ਜਾਰੀ ਰੱਖਣ ਦੇ ਹੁਕਮ ਜਾਰੀ ਕੀਤੇ ਗਏ ਹਨ। ਪੰਜਾਬ ਸਰਕਾਰ ਦੇ ਕਰਫਿਊ ਵਿਚ ਵਾਧੇ ਦੇ ਹੁਕਮਾਂ ਤਹਿਤ ਜ਼ਿਲ੍ਹੇ ਬਰਨਾਲਾ ਵਿਚ ਵੀ **17** ਮਈ ਤੱਕ ਕਰਫਿਊ ਜਾਰੀ ਰਹੇਗਾ।
ਕਰਫ਼ਿਊ ਦੌਰਾਨ ਲੋਕਾਂ ਦੇ ਘਰ ’ਚੋ ਬਾਹਰ ਆਉਣ, ਗਲੀ, ਰੋਡ ਜਾਂ ਕਿਸੇ ਜਨਤਕ ਥਾਵਾਂ ਆਦਿ ’ਤੇ ਆਉਣ ਦੀ ਸਖਤ ਮਨਾਹੀ ਹੈ। ਇਹ ਹੁਕਮ ਵਰਦੀਧਾਰੀ ਪੁਲਿਸ ਮੁਲਾਜ਼ਮਾਂ, ਵਰਦੀਧਾਰੀ ਮਿਲਟਰੀ, ਪੈਰਾ ਮਿਲਟਰੀ ਫੋਰਸ, ਹੋਮ ਗਾਰਡਜ਼, ਜੋ ਡਿਊਟੀ ’ਤੇ ਹਨ, ਸਿਹਤ ਅਧਿਕਾਰੀਆਂ ਅਤੇ ਜ਼ਿਲ੍ਹਾ ਮੈਜਿਸਟਰੇਟ ਜਾਂ ਅਧਿਕਾਰਤ ਅਧਿਕਾਰੀ ਵੱਲੋਂ ਜਾਰੀ ਪਰਮਿਟ ਧਾਰਕਾਂ ’ਤੇ ਲਾਗੂ ਨਹੀਂ ਹੋਣਗੇ। ਇਸ ਤੋਂ ਇਲਾਵਾ ਜ਼ਰੂਰੀ ਵਸਤਾਂ ਦੀ ਸਪਲਾਈ ਲਈ ਜਾਰੀ ਆਦੇਸ਼ ਉਸੇ ਤਰ੍ਹਾਂ ਜਾਰੀ ਰਹਿਣਗੇ।
ਇਹ ਹੁਕਮ **Order No.MA/119954/168 4ated 23-3-2020** ਅਤੇ **Order No.MA/119954/222 4ated 15-4-2020** ਦੀ ਲਗਾਤਾਰਤਾ ਵਿਚ ਜਾਰੀ ਕੀਤੇ ਗਏ ਹਨ, ਜੋ ਹੁਕਮ ਤੁਰੰਤ ਪ੍ਰਭਾਵ ਤੋਂ ਲਾਗੂ ਹਨ।